ਪੰਜਾਬ ਸਕੂਲ ਸਿੱਖਿਆ ਬੋਰਡ ਈ-1ਏ(10,000)

ਵੱਲੋਂ

ਸਕੱਤਰ,
ਪੰਜਾਬ ਸਕੂਲ ਸਿੱਖਿਆ ਬੋਰਡ,
ਐਸ.ਏ.ਐਸ.ਨਗਰ (ਮੋਹਾਲੀ)-160062

ਵੱਲ

ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ
ਸਰਕਾਰੀ/ਏਡਿਡ/ਐਸੋਸੀਏਟਿਡ/
ਐਫੀਲੀਏਟਿਡ, ਹਾਈ/ਸੀਨੀ.ਸੈਕੰ.ਸਕੂਲ

ਪੱਤਰ ਨੰ: ਪਸਸਬ-ਰਜਿ-ਮਾਈ /2013-14/19551-29550 ਮਿਤੀ :ਮੋਹਾਲੀ 21-03-2013

---

**ਵਿਸ਼ਾ:-ਸਾਲ/ਸੈਸ਼ਨ 2013-2014 ਲਈ ਗਿਆਰ੍ਹਵੀਂ / ਬਾਰ੍ਹਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ।**

**ਗਿਆਰ੍ਹਵੀਂ/ਬਾਰ੍ਹਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਲਈ ਹੇਠ ਲਿਖੀਆਂ ਅਗਵਾਈ ਲੀਹਾਂ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇ:-**

## ਭਾਗ - ੳ

## ਗਿਆਰ੍ਹਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

**ਨੋਟ-:ਦਾਖਲੇ ਸਬੰਧੀ ਮੈਟ੍ਰਿਕ ਦਾ ਨਤੀਜਾ ਆਉਣ ਦੀ ਉਡੀਕ ਨਾ ਕੀਤੀ ਜਾਵੇ ਅਤੇ ਦਾਖਲਾ ਸ਼ਡਿਊਲ ਅਨੁਸਾਰ ਆਰਜ਼ੀ ਤੌਰ ਤੇ ਦਾਖਲੇ ਕੀਤੇ ਜਾਣ।**

ਨਿਮਨਲਿਖਿਤ ਵਿਦਿਆਰਥੀ ਗਿਆਰ੍ਹਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਦੇ ਯੋਗ ਹਨ :-

1. ਜਿਸ ਵਿਦਿਆਰਥੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਟ੍ਰਿਕ ਪਰੀਖਿਆ ਪਾਸ ਕੀਤੀ ਹੋਵੇ ਜਾਂ ਕਿਸੇ ਦੂਸਰੇ ਬੋਰਡ ਤੋਂ ਇਸ ਦੇ ਬਰਾਬਰ ਦੀ ਪ੍ਰੀਖਿਆ ਪਾਸ ਕੀਤੀ ਹੋਵੇ, ਜਿਸ ਦੀ ਸਮਾਨਤਾ ਬੋਰਡ ਪ੍ਰਵਾਨ ਕਰਦਾ ਹੋਵੇ।
2. ਜਿਨ੍ਹਾਂ ਵਿਦਿਆਰਥੀਆਂ ਦੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਈ ਗਈ ਮੈਟ੍ਰਿਕ ਦੀ ਪਰੀਖਿਆ ਵਿੱਚ ਕੰਪਾਰਟਮੈਂਟ/ਰੀ ਅਪੀਅਰ ਆਈ ਹੋਵੇ।
3. ਕਿਸੇ ਵੀ ਬੋਰਡ/ ਸਮੂਹ ਨੈਸ਼ਨਲ ਓਪਨ ਸਕੂਲ, ਜਿਸ ਦੀ ਮੈਟ੍ਰਿਕ ਪਰੀਖਿਆ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਟ੍ਰਿਕ ਪ੍ਰੀਖਿਆ ਦੇ ਬਰਾਬਰ ਮੰਨੀ ਜਾਂਦੀ ਹੋਵੇ, ਦੇ ਕੰਪਾਰਟਮੈਟ/ ਰੀ-ਅਪੀਅਰ ਵਿਦਿਆਰਥੀ ਰਾਜ ਦੇ ਸਰਕਾਰੀ / ਏਡਿਡ / ਐਸੋਸੀਏਟਿਡ/ ਐਫਿਲੀਏਟਿਡ ਸਕੂਲਾਂ ਵਿੱਚ ਗਿਆਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਵਿਦਿਆਰਥੀ ਵਜੋਂ ਦਾਖਲੇ ਲਈ ਯੋਗ ਹਨ, ਬਸ਼ਰਤੇ ਕਿ ਉਹ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਰਤਮਾਨ ਵਿਨਿਯਮਾਂ ਵਿੱਚ ਦਰਜ ਉਪਬੰਧ ਵਾਂਗ ਮੈਟ੍ਰਿਕ ਪਰੀਖਿਆ ਪਹਿਲੇ ਦੋ ਮੌਕਿਆਂ ਵਿੱਚ ਪਾਸ ਕਰ ਲੈਂਦੇ ਹਨ।

**ਨੋਟ:-ਨਿਰਧਾਰਿਤ ਦੋ ਮੌਕਿਆਂ ਵਿੱਚ ਮੈਟ੍ਰਿਕ ਪਰੀਖਿਆ ਪਾਸ ਨਾ ਕਰਨ ਵਾਲੇ ਕੰਪਾਰਟਮੈਂਟ/ਰੀ-ਅਪੀਅਰ ਵਿਦਿਆਰਥੀ ਜੇਕਰ ਇਹ ਪਰੀਖਿਆ ਗੋਲਡਨ ਚਾਂਸ ਵਿੱਚ ਪਾਸ ਕਰਦੇ ਹਨ, ਤਾਂ ਚਾਲੂ ਸੈਸ਼ਨ ਦੌਰਾਨ ਗਿਆਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਨਹੀਂ ਹੋਣਗੇ। ਭਾਵ 2013-2014 ਵਿੱਚ ਪਾਸ ਕੀਤੀ ਗਿਆਰ੍ਹਵੀਂ ਸ਼੍ਰੇਣੀ ਮੰਨਣ ਯੋਗ ਨਹੀਂ ਹੋਵੇਗੀ।**

## ਭਾਗ-ਅ

## ਬਾਰ੍ਹਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

ਨਿਮਨਲਿਖਿਤ ਵਿਦਿਆਰਥੀ ਬਾਰ੍ਹਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਦੇ ਯੋਗ ਹਨ :-

1. ਜਿਸ ਵਿਦਿਆਰਥੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ/ਸਰਕਾਰੀ/ਏਡਿਡ/ਐਸੋਸੀਏਟਿਡ/ ਸਕੂਲ ਤੋਂ ਗਿਆਰ੍ਹਵੀਂ ਸ਼੍ਰੇਣੀ ਜਾਂ ਇਸ ਦੇ ਬਰਾਬਰ ਦੀ ਪ੍ਰੀਖਿਆ ਪਾਸ ਕੀਤੀ ਹੋਵੇ।
2. ਜੋ ਵਿਦਿਆਰਥੀ ਬਾਰ੍ਹਵੀਂ ਸ਼੍ਰੇਣੀ ਵਿੱਚੋਂ ਫੇਲ੍ਹ ਹੋਣ, ਉਹ ਬਾਰ੍ਹਵੀਂ ਸ਼੍ਰੇਣੀ ਵਿੱਚ ਰੈਗੂਲਰ ਤੌਰ ਤੇ ਦਾਖਲਾ ਲੈ ਸਕਦੇ ਹਨ।
3. ਸਕੂਲ ਮੁੱਖੀ ਇਹ ਯਕੀਨੀ ਬਨਾਉਣ ਕਿ ਬਾਰ੍ਹਵੀਂ ਦੀ ਪ੍ਰੀਖਿਆ ਲਈ ਦਾਖਲਾ ਫਾਰਮ ਭੇਜਣ ਸਮੇਂ ਹਰ ਵਿਦਿਆਰਥੀ ਨੂੰ ਦਫਤਰ ਵੱਲੋਂ ਰਜਿਸਟਰੇਸ਼ਨ ਨੰਬਰ ਜਾਰੀ ਹੋ ਚੁੱਕਾ ਹੋਵੇ। ਸਮੇਂ ਸਿਰ ਰਜਿ ਨੰ: ਅਲਾਟ ਨਾ ਹੋਣ ਕਾਰਨ ਰੋਲ ਨੰਬਰ ਜਾਰੀ ਨਾ ਹੋਣ ਦੀ ਜਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ।
4. ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਤੋਂ ਬਾਅਦ ਸਕੂਲ ਮੁੱਖੀਆਂ ਵੱਲੋਂ ਆਪਣੇ ਪੱਧਰ ਤੇ ਕਿਸੇ ਵਿਦਿਆਰਥੀ ਨੂੰ ਦਾਖਲਾ ਨਾ ਦਿੱਤਾ ਜਾਵੇ।
5. ਬੋਰਡ ਵੱਲੋਂ ਮਿਲੀ ਪ੍ਰਵਾਨਗੀ ਅਨੁਸਾਰ ਹੀ ਹਰੇਕ ਗਰੁੱਪ ਵਿੱਚ ਵਿਦਿਆਰਥੀ ਦਾਖਲ ਕੀਤੇ ਜਾਣ।

6. ਯੋਗਤਾ ਸਬੰਧੀ ਜ਼ਿੰਮੇਵਾਰੀ ਨਿਰੋਲ ਸਕੂਲ ਮੁੱਖੀ ਦੀ ਹੈ। ਇਸ ਲਈ ਸਮਾਨਤਾ ਸੂਚੀ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆਂ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਆਪਣੀ ਸੰਸਥਾ ਵਿੱਚ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਵ ਘੋਖ ਕਰਕੇ ਯੋਗਤਾ ਚੈੱਕ ਕਰੇ, ਤਾਂ ਜੋ ਕੋਈ ਅਯੋਗ ਵਿਦਿਆਰਥੀ ਦਾਖਲ ਨਾ ਹੋ ਸਕੇ।

## ਭਾਗ – ੲ

**ਬਾਹਰਲੇ ਬੋਰਡ ਤੋਂ ਮਾਈਗ੍ਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦੱਸੇ ਦਸਤਾਵੇਜ਼ ਪੇਸ਼ ਕਰਨ ਤੇ ਹੀ ਵਿਦਿਆਰਥੀ ਸਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ :-**

1. ੳ) ਸਬੰਧਤ ਬੋਰਡ ਦਾ ਅਸਲ ਮਾਈਗਰੇਸ਼ਨ ਸਰਟੀਫਿਕੇਟ (ਜਿਥੇ ਲਾਗੂ ਹੋਵੇ) ਭੇਜਿਆ ਜਾਵੇ।
   ਅ) ਜਿਸ ਸ਼੍ਰੇਣੀ ਵਿੱਚ ਦਾਖਲ ਹੋਣਾ ਹੈ, ਉਸ ਤੋਂ ਪਹਿਲੀ ਸ਼੍ਰੇਣੀ ਪਾਸ ਕਰਨ ਦਾ ਸਰਟੀਫਿਕੇਟ / ਨਤੀਜਾ ਕਾਰਡ (ਡੀ.ਐਮ.ਸੀ.) ਦੀ ਫੋਟੋ ਕਾਪੀ ਸਬੰਧਤ ਸਕੂਲ ਮੁੱਖੀ ਤੋਂ ਤਸਦੀਕ ਕਰਵਾਕੇ ਭੇਜੀ ਜਾਵੇ।
   ੲ) ਵਿਦਿਅਕ ਸੈਸ਼ਨ ਦਰਮਿਆਨ ਜਾਂ ਹੇਠਲੀ ਪਰੀਖਿਆ ਪਾਸ ਕਰਨ ਉਪਰੰਤ ਲੋੜੀਂਦੀ ਮਾਈਗਰੇਸ਼ਨ ਲਈ ਸਕੂਲ ਛੱਡਣ ਦਾ ਸਰਟੀਫਿਕੇਟ ਸਬੰਧਤ ਬੋਰਡ ਦੇ ਸਮਰੱਥ ਅਧਿਕਾਰੀ ਜਾਂ ਜਿਲ੍ਹਾ ਸਿੱਖਿਆ ਅਫਸਰ ਦੁਆਰਾ ਪ੍ਰਤੀ ਹਸਤਾਖਰ ਕੀਤਾ ਹੋਣਾ ਚਾਹੀਦਾ ਹੈ।
   ਸ) ਦਸਵੀਂ ਸ਼੍ਰੇਣੀ ਦੀ ਪਰੀਖਿਆ ਪਾਸ ਹੋਣ ਤੇ ਹੀ ਗਿਆਰਵੀਂ ਸ਼੍ਰੇਣੀ ਦਾ ਰਜਿ ਨੰ: ਅਲਾਟ ਕੀਤਾ ਜਾਵੇਗਾ।
   ਹ) ਪੰਜਾਬ ਸਕੂਲ ਸਿੱਖਿਆ ਬੋਰਡ ਦੇ ਬਰਾਬਰ ਦੀ ਯੋਗਤਾ ਦਾ ਸਮਾਨਤਾ ਪੱਤਰ, ਜੋ ਕਿ ਬੋਰਡ ਦੀ ਅਕਾਦਮਿਕ ਸ਼ਾਖਾ ਵੱਲੋਂ ਅਸਲ ਸਰਟੀਫਿਕੇਟਾਂ ਦੇ ਆਧਾਰ ਤੇ ਜਾਰੀ ਕੀਤਾ ਜਾਣਾ ਹੈ।

**ਹੇਠਲੀ ਪਰੀਖਿਆ ਸੀ.ਬੀ.ਐਸ.ਈ, ਆਈ.ਸੀ.ਐਸ.ਈ, ਹਰਿਆਣਾ, ਹਿਮਾਚਲ, ਜੰਮੂ ਕਸ਼ਮੀਰ ਅਤੇ ਰਾਜਸਥਾਨ ਬੋਰਡ ਤੋਂ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਛੱਡਕੇ ਬਾਕੀ ਬੋਰਡ ਅਤੇ ਸਮੂਹ ਨੈਸ਼ਨਲ ਓਪਨ ਸਕੂਲ ਵਾਲੇ ਵਿਦਿਆਰਥੀਆਂ ਦੇ ਕੇਸਾਂ ਵਿੱਚ ਬੋਰਡ ਦੀ ਅਕਾਦਮਿਕ ਸ਼ਾਖਾ ਤੋਂ ਸਮਾਨਤਾ ਪੱਤਰ ਪ੍ਰਾਪਤ ਕਰਕੇ ਪੇਸ਼ ਕੀਤੇ ਜਾਣ।**

**ਨੋਟ:- ਲੜੀ ਨੰ: 1 ਵਿੱਚ ਦਰਸਾਏ ਸਾਰੇ ਦਸਤਾਵੇਜ E-2 ਅਤੇ T-2 ਰਿਟਰਨਾਂ ਨਾਲ ਨੱਥੀ ਕਰਕੇ ਹਰ ਹਾਲ ਵਿੱਚ ਭੇਜੇ ਜਾਣ ਤਾਂ ਜੋ ਰਜਿ: ਨੰਬਰ ਲਗਾਉਣ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ। ਰਿਟਰਨਾਂ ਨਾਲ ਦਸਤਾਵੇਜ ਨਾ ਭੇਜਣ ਕਾਰਨ ਰਜਿ: ਨੰਬਰ ਲਗਾਉਣ ਵਿੱਚ ਹੋਈ ਦੇਰੀ ਦੀ ਸਮੂਹ ਜਿੰਮੇਵਾਰੀ ਸਕੂਲ ਮੁਖੀ ਦੀ ਹੋਵੇਗੀ।**

2. ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਦੂਜੇ ਰਾਜ /ਬੋਰਡ ਤੋਂ ਪੜ੍ਹਦੇ ਆ ਰਹੇ ਵਿਦਿਆਰਥੀ ਨੂੰ ਕਿਸੇ ਵੀ ਸੂਰਤ ਵਿੱਚ ਗਿਆਰਵੀਂ/ਬ੍ਹਾਰਵੀਂ ਸ਼੍ਰੇਣੀ ਦੇ ਦਾਖਲੇ ਸਬੰਧੀ ਨਿਰਧਾਰਿਤ ਇੰਟਰ ਬੋਰਡ ਮਾਈਗਰੇਸ਼ਨ ਫਾਰਮ ਤੇ ਰਜਿਸਟ੍ਰੇਸ਼ਨ ਸ਼ਾਖਾ ਵੱਲੋਂ ਪੂਰਵ ਪ੍ਰਵਾਨਗੀ ਲਏ ਬਿਨਾਂ ਦਾਖਲ ਨਾ ਕੀਤਾ ਜਾਵੇ। ਮਾਈਗਰੇਸ਼ਨ ਹੋਣ ਉਪਰੰਤ ਵਿਦਿਆਰਥੀ ਨੂੰ 15 ਦਿਨ ਦੇ ਅੰਦਰ -ਅੰਦਰ ਸਕੂਲ ਵਿੱਚ ਦਾਖਲਾ ਲੈ ਲੈਣਾ ਚਾਹੀਦਾ ਹੈ। ਦਾਖਲਾ ਨਾ ਲੈਣ ਦੀ ਸੂਰਤ ਵਿੱਚ ਪ੍ਰਵਾਨਗੀ ਰੱਦ

ਹੋਈ ਸਮਝੀ ਜਾਵੇਗੀ । ਰੱਦ ਹੋਈ ਪ੍ਰਵਾਨਗੀ ਵਾਲੇ ਵਿਦਿਆਰਥੀ ਨੂੰ ਵਿਸ਼ੇਸ਼ ਹਲਾਤਾਂ ਵਿੱਚ ਦੁਬਾਰਾ ਪ੍ਰਵਾਨਗੀ ਮੁੜ ਫੀਸ ਜਮਾਂ ਕਰਵਾਉਣ ਤੇ ਹੀ ਦਿੱਤੀ ਜਾਵੇਗੀ ।

## ਭਾਗ – ਸ

1) ੳ) ਸੈਸ਼ਨ ਦੌਰਾਨ ਗਿਆਰ੍ਹਵੀਂ/ਬਾਰ੍ਹਵੀਂ ਸ਼੍ਰੇਣੀ ਵਿੱਚ ਕੋਈ ਵਿਦਿਆਰਥੀ ਸਕੂਲ ਮਾਈਗਰੇਟ ਕਰਨ ਦਾ ਚਾਹਵਾਨ ਹੋਵੇ ਤਾਂ, ਦੋਵੇਂ ਸਕੂਲ ਮੁੱਖੀਆਂ ਦੀ ਸਿਫਾਰਸ਼ਾਂ ਸਹਿਤ ਉਹ ਮਾਈਗਰੇਸ਼ਨ ਸਰਟੀਫਿਕੇਟ ਪ੍ਰਾਪਤ ਕਰੇਗਾ, ਜੇਕਰ ਉਸਦੇ ਸਕੂਲ ਲੀਵਿੰਗ ਸਰਟੀਫਿਕੇਟ ਤੇ ਰਜਿਸਟਰੇਸ਼ਨ ਨੰਬਰ ਦਰਜ ਹੈ, ਤਾਂ ਉਹ ਆਰੰਭਕ ਸਟੇਜ ਤੇ (ਦਾਖਲਾ ਸ਼ਡਿਊਲ ਦੀਆਂ ਮਿਤੀਆਂ ਤੱਕ) ਕਿਸੇ ਵੀ ਸਕੂਲ ਵਿੱਚ ਦਾਖਲੇ ਲਈ ਯੋਗ ਹੈ।

   ਅ) ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਕਿਸੇ ਵੀ ਵਿਦਿਆਰਥੀ ਨੂੰ ਬੋਰਡ ਵੱਲੋਂ ਜਾਰੀ ਮਾਈਗਰੇਸ਼ਨ ਸਰਟੀਫਿਕੇਟ ਤੋਂ ਬਿਨਾਂ ਦਾਖਲ ਨਾ ਕੀਤਾ ਜਾਵੇ। ਬੋਰਡ ਵੱਲੋਂ ਮਾਈਗਰੇਸ਼ਨ ਠੋਸ ਕਾਰਨਾਂ ਦੇ ਆਧਾਰ ਤੇ ਹੀ ਕੀਤੀ ਜਾਵੇਗੀ।

2) **ਗਿਆਰ੍ਹਵੀਂ/ਬਾਰ੍ਹਵੀਂ ਸ਼੍ਰੇਣੀ ਦੀ ਸਕੂਲ ਤੋਂ ਸਕੂਲ ਮਾਈਗਰੇਸ਼ਨ 31 ਦਸੰਬਰ ਤੱਕ ਪਰੀਖਿਆ 1000/- ਰੁ: ਫੀਸ ਨਾਲ ਕੀਤੀ ਜਾਵੇਗੀ। ਇਸ ਤੋਂ ਬਾਅਦ 1500/- ਫੀਸ ਨਾਲ ਵਿਰਲੇ ਕੇਸਾਂ ਵਿੱਚ ਜਿਵੇਂ ਮਾਤਾ-ਪਿਤਾ/ਗਾਰਡੀਅਨ ਦੀ ਟਰਾਂਸਫਰ/ਅਚਾਨਕ ਮੌਤ ਦੀ ਸੂਰਤ ਵਿੱਚ ਮਾਈਗਰੇਸ਼ਨ ਮਾਨਯੋਗ ਚੇਅਰਮੈਨ ਸਾਹਿਬ ਵੱਲੋਂ ਆਗਿਆ ਦੇਣ ਉਪਰੰਤ ਹੀ ਕੀਤੀ ਜਾਵੇਗੀ। ਅਜਿਹਾ ਕਰਨ ਲਈ ਵਿਦਿਆਰਥੀ ਸਕੂਲ ਤੋਂ ਸਕੂਲ ਮਾਈਗਰੇਸ਼ਨ ਫਾਰਮ ਦੋਵੇਂ ਸਕੂਲ ਮੁੱਖੀਆਂ ਤੋਂ ਤਸਦੀਕ ਕਰਵਾਉਣਗੇ।**

**ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ ਸਬੰਧੀ ਪੱਤਰ ਬੋਰਡ ਦੀ ਵੈੱਬ ਸਾਈਟ www.pseb.ac.in/registration Section ਤੇ ਉਪਲੱਬਧ ਹਨ।**

ਡਾਇਰੈਕਟਰ (ਕੰਪਿ ਸੈੱਲ)
ਵਾਸਤੇ ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।